# Vigilance Bureau Punjab

## Vigilance nabs ASI for taking bribe

Chandigarh, October 22: State Vigilance Bureau, today nabbed an Assistant Sub Inspector (ASI) posted at Basti Tenka Wali, Police Post Ferozepur red handed while accepting bribe of Rs 50,000.

Disclosing this here an official spokesperson of the Vigilance Bureau said ASI Satnam Singh was nabbed red handed on the complaint of Jasbir Singh of village Toga Singh Wala in Ferozepur distirct. The complainant has approached the VB and alleged that the accused ASI was demanding Rs 1,00,000 in a criminal case registered by him and present challan in the court against the accused.

After verifying his information, the vigilance team laid a trap and the accused ASI was arrested on the spot taking bribe of Rs. 50,000 as a first instalment from the complainant in the presence of two official witnesses.

He informed that a case under Prevention of Corruption Act has been registered against the accused at VB police station Ferozepur and further investigation was under progress.

ਵਿਜੀਲੈਂਸ ਬਿਓਰੋ ਪੰਜਾਬ

**ਵਿਜੀਲੈਂਸ ਨੇ ਰਿਸ਼ਵਤ ਲੈਂਦਾ ਏ.ਐਸ.ਆਈ ਰੰਗੇ ਹੱਥੀਂ ਦਬੋਚਿਆ**

ਚੰਡੀਗੜ੍ਹ, 22 ਅਕਤੂਬਰ : ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਥਾਣਾ ਬਸਤੀ ਟੈਂਕਾਂ ਵਾਲੀ, ਫਿਰੋਜਪੁਰ ਵਿਖੇ ਤਾਇਨਾਤ ਏ.ਐਸ.ਆਈ. ਸਤਨਾਮ ਸਿੰਘ ਨੂੰ 50,000 ਰੁਪਏ ਦੀ ਰਿਸ਼ਵਤ ਲੈਂਦਾ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਏ.ਐਸ.ਆਈ ਨੂੰ ਸ਼ਿਕਾਇਤਕਰਤਾ ਜਸਬੀਰ ਸਿੰਘ ਵਾਸੀ ਪਿੰਡ ਤੋਗਾ ਸਿੰਘ ਵਾਲਾ, ਜਿਲਾ ਫਿਰੋਜਪੁਰ ਦੀ ਸ਼ਿਕਾਇਤ 'ਤੇ ਫ਼ੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਏ.ਐਸ.ਆਈ ਵਲੋਂ ਉਸ ਵਲੋਂ ਦਰਜ ਕਰਵਾਏ ਗਏ ਮੁਕੱਦਮੇ ਵਿਚ ਦੋਸ਼ੀਆਂ ਖਿਲਾਫ਼ ਕਾਰਵਾਈ ਕਰਕੇ ਚਲਾਨ ਅਦਾਲਤ ਵਿਚੋਂ ਪੇਸ਼ ਕਰਨ ਬਦਲੇ 1,00,000 ਰੁਪਏ ਦੀ ਮੰਗ ਕੀਤੀ ਗਈ ਹੈ ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਏ.ਐਸ.ਆਈ. ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ ਪਹਿਲੀ ਕਿਸ਼ਤ ਦੇ 50,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ 'ਤੇ ਹੀ ਦਬੋਚ ਲਿਆ। ਉਨਾਂ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਫਿਰੋਜਪੁਰ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।